# Official Spokesperson's response to a media query on the recent developments in the India-China Border Areas

September 01, 2020

---

## ਭਾਰਤ-ਚੀਨ ਸਰਹੱਦੀ ਇਲਾਕਿਆਂ ਵਿੱਚ ਹੋਏ ਹਾਲੀਆ ਘਟਨਾਕ੍ਰਮ ਬਾਰੇ ਮੀਡੀਆ ਦੇ ਸਵਾਲ ਦਾ ਅਧਿਕਾਰਤ ਬੁਲਾਰੇ ਵੱਲੋਂ ਜਵਾਬ

**1 ਸਤੰਬਰ, 2020**

ਭਾਰਤ-ਚੀਨ ਸਰਹੱਦੀ ਇਲਾਕਿਆਂ ਵਿੱਚ ਹੋਏ ਹਾਲੀਆ ਘਟਨਾਕ੍ਰਮ ਬਾਰੇ ਮੀਡੀਆ ਦੇ ਸਵਾਲ ਦੇ ਜਵਾਬ ਵਿੱਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਸ਼੍ਰੀ ਅਨੁਰਾਗ ਸ੍ਰੀਵਾਸਤਵ ਨੇ ਕਿਹਾ

ਜਿਵੇਂ ਕਿ ਤੁਸੀਂ ਜਾਣਦੇ ਹੋ, ਭਾਰਤ ਅਤੇ ਚੀਨ ਪਿਛਲੇ ਤਿੰਨ ਮਹੀਨਿਆਂ ਤੋਂ ਭਾਰਤ-ਚੀਨ ਸਰਹੱਦ ਉੱਤੇ ਪੈਦਾ ਹੋਈ ਸਥਿਤੀ ਦਾ ਹੱਲ ਕੱਢਣ ਲਈ ਕੂਟਨੀਤਕ ਅਤੇ ਸੈਨਿਕ ਚੈਨਲਾਂ ਰਾਹੀਂ ਸੰਪਰਕ ਵਿੱਚ ਹਨ| ਇਹ ਵੀ ਯਾਦ ਹੋਵੇਗਾ ਕਿ ਇਸ ਤੋਂ ਪਹਿਲਾਂ ਦੋਨਾਂ ਮੁਲਕਾਂ ਦੇ ਵਿਦੇਸ਼ ਮੰਤਰੀਆਂ ਅਤੇ ਦੋ ਵਿਸ਼ੇਸ਼ ਨੁਮਾਇੰਦਿਆਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਸੀ ਕਿ ਹਾਲਾਤ ਨਾਲ ਜ਼ਿੰਮੇਵਾਰੀ ਨਾਲ ਨਜਿੱਠਿਆ ਜਾਣਾ ਚਾਹੀਦਾ ਹੈ ਅਤੇ ਦੋਵਾਂ ਧਿਰਾਂ ਨੂੰ ਕੋਈ ਭੜਕਾਊ ਕਾਰਵਾਈ ਨਹੀਂ ਕਰਨੀ ਚਾਹੀਦੀ ਅਤੇ ਨਾ ਹੀ ਮਸਲੇ ਨੂੰ ਅੱਗੇ ਵਧਾਉਣਾ ਚਾਹੀਦਾ ਹੈ ਅਤੇ ਦੁਵੱਲੇ ਸਮਝੌਤਿਆਂ ਅਤੇ ਪ੍ਰੋਟੋਕੋਲ ਅਨੁਸਾਰ ਅਮਨ ਅਤੇ ਸ਼ਾਂਤੀ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ|

ਹਾਲਾਂਕਿ ਚੀਨੀ ਪੱਖ ਨੇ ਇਸ ਸਮਝੌਤੇ ਦੀ ਉਲੰਘਣਾ ਕੀਤੀ ਅਤੇ **29** ਅਗਸਤ ਦੀ ਦੇਰ ਰਾਤ ਅਤੇ **30** ਅਗਸਤ ਨੂੰ ਪੈਨਗੌਂਗ ਝੀਲ ਦੇ ਸਾਊਥ ਬੈਂਕ ਖੇਤਰ ਵਿੱਚ ਸਥਿਤੀ ਨੂੰ ਬਦਲਣ ਦੀ ਕੋਸ਼ਿਸ਼ ਵਿੱਚ ਭੜਕਾਊ ਫੌਜੀ ਕਾਰਵਾਈ ਕੀਤੀ| ਜਿਵੇਂ ਕਿ ਕੱਲ੍ਹ ਭਾਰਤੀ ਸੈਨਾ ਦੇ ਬਿਆਨ ਵਿੱਚ ਕਿਹਾ ਗਿਆ ਹੈ, ਭਾਰਤੀ ਪੱਖ ਨੇ ਇਨ੍ਹਾਂ ਭੜਕਾਊ ਕਾਰਵਾਈਆਂ ਦਾ ਪ੍ਰਤੀਕਰਮ ਦਿੱਤਾ ਅਤੇ ਸਾਡੇ ਹਿੱਤਾਂ ਅਤੇ ਖੇਤਰੀ ਅਖੰਡਤਾ ਦੀ ਰਾਖੀ ਲਈ ਬਚਾਅ ਵਿੱਚ **LAC** ਉੱਤੇ ਢੁਕਵੀਂ ਕਾਰਵਾਈ ਕੀਤੀ| ਇਸ ਤੋਂ ਛੁੱਟ ਕੱਲ੍ਹ **31** ਅਗਸਤ ਨੂੰ ਜਦੋਂ ਦੋਵਾਂ ਪਾਸਿਆਂ ਦੇ ਜ਼ਮੀਨੀ ਕਮਾਂਡਰ ਸਥਿਤੀ ਨੂੰ ਸ਼ਾਂਤ ਕਰਨ ਲਈ ਵਿਚਾਰ ਵਟਾਂਦਰੇ ਕਰ ਰਹੇ ਸਨ ਤਾਂ ਚੀਨੀ ਫੌਜਾਂ ਨੇ ਫਿਰ ਤੋਂ ਭੜਕਾਊ ਕਾਰਵਾਈ ਕੀਤੀ| ਸਮੇਂ ਸਿਰ ਰੱਖਿਆਤਮਕ ਕਾਰਵਾਈ ਕੀਤੇ ਜਾਣ ਕਾਰਨ ਭਾਰਤੀ ਪੱਖ ਸਥਿਤੀ ਨੂੰ ਬਦਲਣ ਦੀਆਂ ਇਨ੍ਹਾਂ ਇੱਕਤਰਫਾ ਕੋਸ਼ਿਸ਼ਾਂ ਨੂੰ ਰੋਕਣ ਵਿੱਚ ਕਾਮਯਾਬ ਰਿਹਾ|

ਇਸ ਸਾਲ ਦੇ ਸ਼ੁਰੂ ਤੋਂ ਹੀ **LAC** ਉੱਤੇ ਚੀਨੀ ਪੱਖ ਦੀਆਂ ਕਾਰਵਾਈਆਂ ਅਤੇ ਵਿਹਾਰ ਨੇ ਸਰਹੱਦ 'ਤੇ ਅਮਨ ਅਤੇ ਸ਼ਾਂਤੀ ਨੂੰ ਯਕੀਨੀ ਬਣਾਉਣ ਲਈ ਦੋਵਾਂ ਦੇਸ਼ਾਂ ਵਿਚਾਲੇ ਹੋਏ ਦੁਵੱਲੇ ਸਮਝੌਤਿਆਂ ਅਤੇ ਪ੍ਰੋਟੋਕਾਲਾਂ ਦੀ ਸਾਫ ਤੌਰ 'ਤੇ ਉਲੰਘਣਾ ਕੀਤੀ ਹੈ| ਅਜਿਹੇ ਕੰਮ ਦੋਵਾਂ ਵਿਦੇਸ਼ ਮੰਤਰੀਆਂ ਅਤੇ ਵਿਸ਼ੇਸ਼ ਨੁਮਾਇੰਦਿਆਂ ਦਰਮਿਆਨ ਹੋਏ ਸਮਝੌਤੇ ਦੇ ਪੂਰੀ ਤਰ੍ਹਾਂ ਖਿਲਾਫ ਹਨ|

ਅਸੀਂ ਕੂਟਨੀਤਕ ਅਤੇ ਫੌਜੀ, ਦੋਨਾਂ ਚੈਨਲਾਂ ਰਾਹੀਂ ਚੀਨੀ ਪੱਖ ਨਾਲ ਹਾਲ ਵਿੱਚ ਹੀ ਕੀਤਿਆਂ ਗਈਆਂ ਭੜਕਾਊ ਅਤੇ ਹਮਲਾਵਰ ਕਾਰਵਾਈਆਂ ਦਾ ਮਸਲਾ ਚੁੱਕਿਆ ਹੈ ਅਤੇ ਉਨ੍ਹਾਂ ਨੂੰ ਆਪਣੇ ਫ੍ਰੰਟਲਾਈਨ ਫੌਜੀਆਂ ਨੂੰ ਕਾਬੂ ਵਿੱਚ ਰਹਿਣ ਅਤੇ ਅਜਿਹੀਆਂ ਭੜਕਾਊ ਕਾਰਵਾਈਆਂ ਕਰਨ ਤੋਂ ਗੁਰੇਜ਼ ਕਰਨ ਲਈ ਕਿਹਾ ਹੈ|

ਭਾਰਤੀ ਪੱਖ ਪੱਛਮੀ ਸੈਕਟਰ ਵਿਚ **LAC** ਉੱਤੇ ਸਾਰੇ ਬਕਾਇਆ ਮਸਲਿਆਂ ਨੂੰ ਸ਼ਾਂਤਮਈ ਗੱਲਬਾਤ ਰਾਹੀਂ ਹੱਲ ਕਰਨ ਪ੍ਰਤੀ ਦ੍ਰਿੜਤਾ ਨਾਲ ਵਚਨਬੱਧ ਹੈ। ਇਸ ਸੰਬੰਧ ਵਿੱਚ ਅਸੀਂ ਆਸ ਕਰਦੇ ਹਾਂ ਕਿ ਚੀਨੀ ਪੱਖ ਪਹਿਲਾਂ ਹੋਏ ਸਮਝੌਤੇ ਦਾ ਤਹਿ ਦਿਲੋਂ ਪਾਲਣ ਕਰੇਗਾ ਅਤੇ ਮਸਲੇ ਦਾ ਹੱਲ ਕੱਢਣ ਲਈ ਅਤੇ ਸਰਹੱਦੀ ਖੇਤਰਾਂ ਵਿਚ ਅਮਨ ਅਤੇ ਸ਼ਾਂਤੀ ਬਹਾਲ ਕਰਨ ਲਈ ਭਾਰਤ ਨਾਲ ਗੰਭੀਰਤਾ ਨਾਲ ਕੰਮ ਕਰੇਗਾ।

ਨਵੀਂ ਦਿੱਲੀ
**1 ਸਤੰਬਰ, 2020**

DISCLAIMER: This is an approximate translation. The original is available in English on MEA’s website and may be referred to as the official press release.